**Vigilance Bureau, Punjab**

**Vigilance Bureau applauds the bravery of Sub-Inspector Harjeet Singh**

VB officers wears nameplate displaying Harjeet Singh

**Chandigarh, 27 April :** Punjab Vigilance Bureau (VB) today applauded the bravery of Sub- Inspector Harjeet Singh who performed his duty with courage and valour during curfew at Sabzi Mandi Patiala without caring of his life. All VB officers and officials led by Chief Director-cum ADGP BK Uppal expressed their solidarity with Harjeet Singh by wearing nameplate of his name.

Disclosing this, a spokesperson of VB said all officers and officials of the VB have commended the exceptional bravery of Sub-Inspector Harjeet Singh. In a mark of respect for his bravery, all officers and officials held joint a solidarity meeting by wearing badge of Harjeet's name and praised this Punjab Police official for his outstanding work in the battle against Corona virus during curfew.

He further informed that all officials of VB have also praised the work of all Police officers, personnel, health and sanitation workers working untiringly to save the lives of people.

----------



VB officers and officials led by Chief Director-cum ADGP BK Uppal expressing their solidarity with SI Harjeet Singh by wearing nameplate of his name at VB headquarters SAS Nagar.

ਵਿਜੀਲੈਂਸ ਬਿਊਰੋ, ਪੰਜਾਬ

**ਵਿਜੀਲੈਂਸ ਬਿਊਰੋ ਨੇ ਕੀਤੀ ਸਬ-ਇੰਸਪੈਕਟਰ ਹਰਜੀਤ ਸਿੰਘ ਦੀ ਬਹਾਦਰੀ ਦੀ ਸ਼ਲਾਘਾ**

**ਵਿਜੀਲੈਂਸ ਦੇ ਸਾਰੇ ਅਧਿਕਾਰੀਆਂ ਨੇ ਹਰਜੀਤ ਸਿੰਘ ਨਾਂ ਦੀਆਂ ਨੇਮ ਪਲੇਟਾਂ ਲਾਈਆਂ**

ਚੰਡੀਗੜ੍ਹ, 27 ਅਪ੍ਰੈਲ: ਪੰਜਾਬ ਵਿਜੀਲੈਂਸ ਬਿਊਰੋ (ਵੀਬੀ) ਨੇ ਅੱਜ ਸਬ ਇੰਸਪੈਕਟਰ ਹਰਜੀਤ ਸਿੰਘ ਦੀ ਬਹਾਦਰੀ ਦੀ ਪ੍ਰਸ਼ੰਸਾ ਕੀਤੀ ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦੀ ਪਰਵਾਹ ਕੀਤੇ ਬਿਨਾਂ ਸਬਜ਼ੀ ਮੰਡੀ ਪਟਿਆਲਾ ਵਿਖੇ ਕਰਫਿਊ ਦੌਰਾਨ ਹਿੰਮਤ ਅਤੇ ਬਹਾਦਰੀ ਨਾਲ ਆਪਣੀ ਡਿਊਟੀ ਨਿਭਾਈ। ਮੁੱਖ ਡਾਇਰੈਕਟਰ-ਕਮ -ਏਡੀਜੀਪੀ ਸ੍ਰੀ ਬੀ.ਕੇ. ਉੱਪਲ ਦੀ ਅਗਵਾਈ ਅਧੀਨ ਵਿਜੀਲੈਂਸ ਦੇ ਸਾਰੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੇ ਹਰਜੀਤ ਸਿੰਘ ਦੇ ਨਾਂ ਦੀ ਨੇਮਪਲੇਟ ਲਗਾ ਕੇ ਇਕਜੁੱਟਤਾ ਜਤਾਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਉਰੋ ਦੇ ਇਕ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਦੇ ਸਾਰੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੇ ਸਬ-ਇੰਸਪੈਕਟਰ ਹਰਜੀਤ ਸਿੰਘ ਦੀ ਬੇਮਿਸਾਲ ਬਹਾਦਰੀ ਦੀ ਪ੍ਰਸ਼ੰਸਾ ਕੀਤੀ ਹੈ। ਉਸਦੀ ਬਹਾਦਰੀ ਦੇ ਸਤਿਕਾਰ ਵਜੋਂ, ਸਭ ਨੇ ਹਰਜੀਤ ਦੇ ਨਾਂ ਦਾ ਬੈਜ ਲਾ ਕੇ ਇਕਜੁੱਟਤਾ ਮੀਟਿੰਗ ਕੀਤੀ ਅਤੇ ਕਰਫਿਊ ਦੌਰਾਨ ਕੋਰੋਨਾ ਵਾਇਰਸ ਖ਼ਿਲਾਫ਼ ਜੰਗ ਵਿੱਚ ਸ਼ਾਨਦਾਰ ਕੰਮ ਕਰਨ ਲਈ ਪੰਜਾਬ ਪੁਲਿਸ ਦੇ ਇਸ ਅਧਿਕਾਰੀ ਦੀ ਪ੍ਰਸ਼ੰਸਾ ਕੀਤੀ।

ਉਨ੍ਹਾਂ ਦੱਸਿਆ ਕਿ ਲੋਕਾਂ ਦੀ ਜਾਨ ਬਚਾਉਣ ਲਈ ਵਿਜੀਲੈਂਸ ਦੇ ਸਾਰੇ ਅਧਿਕਾਰੀਆਂ ਨੇ ਰਾਜ ਵਿੱਚ ਕਰੋਨਾ ਵਾਇਰਸ ਨਾਲ ਲੜਾਈ ਵਿੱਚ ਡਿਊਟੀਆਂ ਨਿਭਾ ਰਹੇ ਸਮੂਹ ਪੁਲਿਸ ਅਧਿਕਾਰੀਆਂ, ਕਰਮਚਾਰੀਆਂ, ਸਿਹਤ ਅਤੇ ਸਫਾਈ ਕਰਮਚਾਰੀਆਂ ਦੀ ਤਨਦੇਹੀ ਨਾਲ ਕੰਮ ਕਰਨ ਲਈ ਸ਼ਲਾਘਾ ਵੀ ਕੀਤੀ।



ਮੁੱਖ ਡਾਇਰੈਕਟਰ-ਕਮ- ਏਡੀਜੀਪੀ ਬੀਕੇ ਉੱਪਲ ਦੀ ਅਗਵਾਈ ਵਿੱਚ ਵਿਜੀਲੈਂਸ ਹੈੱਡਕੁਆਰਟਰ ਐਸ.ਏ.ਐਸ.ਨਗਰ ਵਿਖੇ ਅਧਿਕਾਰੀ ਅਤੇ ਕਰਮਚਾਰੀ ਐਸਆਈ ਹਰਜੀਤ ਸਿੰਘ ਦੀ ਨੇਮਪਲੇਟ ਲਗਾ ਕੇ ਇੱਕਜੁੱਟਤਾ ਜਤਾਉਂਦੇ ਹੋਏ।

----------